# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 15-08-2025**

**ਅੱਜ ਦੇਸ਼ ਆਪਣਾ 79ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਦੇ ਪ੍ਰਸਿੱਧ ਲਾਲ ਕਿਲ੍ਹੇ ਤੋਂ ਆਜ਼ਾਦੀ ਦਿਵਸ ਦੇ ਜਸ਼ਨਾਂ ਦੀ ਅਗਵਾਈ ਕੀਤੀ ਅਤੇ ਰਾਸ਼ਟਰੀ ਝੰਡਾ ਲਹਿਰਾਇਆ। ਲਾਲ ਕਿਲੇ ਦੀ ਫਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਆਪ੍ਰੇਸ਼ਨ ਸਿੰਦੂਰ ਦੇ ਬਹਾਦਰ ਸੈਨਿਕਾਂ ਨੂੰ ਸਲਾਮ ਕਰਦੇ ਹੋਏ ਕਿਹਾ ਕਿ ਇਹ ਆਪ੍ਰੇਸ਼ਨ, ਦੇਸ਼ ਦੀਆਂ ਹਥਿਆਰਬੰਦ ਫੌਜਾਂ ਦੀ ਬਹਾਦਰੀ ਅਤੇ ਸਟੀਕਤਾ ਦਾ ਇੱਕ ਸ਼ਕਤੀਸ਼ਾਲੀ ਪ੍ਰਮਾਣ ਏ । ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਨੇ ਹੁਣ ਫੈਸਲਾ ਕਰ ਲਿਆ ਏ ਕਿ, ਖ਼ੂਨ ਅਤੇ ਪਾਣੀ ਇਕੱਠੇ ਨਹੀਂ ਵਹਿਣਗੇ -**

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੇ ਲੋਕਾਂ ਨੂੰ ਹੁਣ ਅਹਿਸਾਸ ਹੋ ਗਿਆ ਏ ਕਿ ਸਿੰਧੂ ਜਲ ਸੰਧੀ ਬੇਇਨਸਾਫ਼ੀ ਸੀ-

Byte

ਉਨ੍ਹਾਂ ਕਿਹਾ ਕਿ ਭਾਰਤ ਹੁਣ ਪ੍ਰਮਾਣੂ ਬਲੈਕਮੇਲ ਨੂੰ ਬਰਦਾਸ਼ਤ ਨਹੀਂ ਕਰੇਗਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਦੁਸ਼ਮਣਾਂ ਦੀ ਕਿਸੇ ਵੀ ਕੋਸ਼ਿਸ਼ ਨੂੰ ਅਸਫਲ ਕਰਨ ਲਈ ਇੱਕ ਸ਼ਕਤੀਸ਼ਾਲੀ ਹਥਿਆਰ ਪ੍ਰਣਾਲੀ ਬਣਾਉਣ ਲਈ ਮਿਸ਼ਨ ਸੁਦਰਸ਼ਨ ਚੱਕਰ ਸ਼ੁਰੂ ਕਰੇਗਾ। ਸ਼੍ਰੀ ਮੋਦੀ ਨੇ ਕਿਹਾ ਕਿ, ਅਗਲੇ ਦਸ ਸਾਲਾਂ ਵਿੱਚ, 2035 ਤੱਕ, ਇਸ ਰਾਸ਼ਟਰੀ ਸੁਰੱਖਿਆ ਢਾਲ ਦਾ ਪਸਾਰ ਕੀਤਾ ਜਾਏਗਾ, ਇਸਨੂੰ ਹੋਰ ਮਜ਼ਬੂਤ ਬਣਾਇਆ ਜਾਏਗਾ ਅਤੇ ਇਸਦਾ ਆਧੁਨਿਕੀਕਰਨ ਕੀਤਾ ਜਾਵੇਗਾ।

Byte

ਪ੍ਰਧਾਨ ਮੰਤਰੀ ਨੇ ਰੱਖਿਆ, ਤਕਨਾਲੋਜੀ, ਊਰਜਾ, ਪੁਲਾੜ ਅਤੇ ਨਿਰਮਾਣ ਵਿੱਚ ਭਾਰਤ ਦੀ ਤਰੱਕੀ ਦਾ ਹਵਾਲਾ ਦਿੰਦੇ ਹੋਏ, ਵਿਕਸਿਤ ਭਾਰਤ ਲਈ ਇੱਕ ਮੁੱਖ ਨੀਂਹ ਪੱਥਰ ਵਜੋਂ ਆਤਮਨਿਰਭਰ

ਭਾਰਤ ‘ਤੇ ਜ਼ੋਰ ਦਿੱਤਾ. ਸ੍ਰੀ ਮੋਦੀ ਨੇ ਕਿਹਾ ਕਿ ਉਹ ਕਿਸਾਨਾਂ ਅਤੇ ਮਛੇਰਿਆਂ ਦੇ ਹਿੱਤਾਂ ਦੀ ਰਾਖੀ ਲਈ ਖੜ੍ਹੇ ਰਹਿਣਗੇ, ਅਤੇ ਭਾਰਤ ਉਨ੍ਹਾਂ ਦੇ ਹਿੱਤਾਂ ਨਾਲ ਕਦੇ ਵੀ ਸਮਝੌਤਾ ਨਹੀਂ ਕਰੇਗਾ। ਸ੍ਰੀ ਮੋਦੀ ਨੇ ਇਹ ਵੀ ਜ਼ਿਕਰ ਕੀਤਾ ਕਿ ਪੁਲਾੜ ਖੇਤਰ ਵਿੱਚ, ਭਾਰਤ ਗਗਨਯਾਨ ਲਈ ਤਿਆਰੀ ਕਰ ਰਿਹਾ ਏ। ਪ੍ਰਧਾਨ ਮੰਤਰੀ ਮੋਦੀ ਨੇ ਪਿਛਲੇ ਇੱਕ ਸੌ ਸਾਲਾਂ ਤੋਂ ਦੇਸ਼ ਦੀ ਸੇਵਾ ਵਿੱਚ RSS ਸਵੈ - ਸੇਵਕਾਂ ਦੇ ਸਮਰਪਣ ਨੂੰ ਸਲਾਮ ਕੀਤਾ। ਉਨ੍ਹਾਂ ਕਿਹਾ ਕਿ RSS ਦੁਨੀਆ ਦਾ ਸਭ ਤੋਂ ਵੱਡਾ NGO ਏ, ਜਿਸਦਾ 100 ਸਾਲਾਂ ਦੇ ਸਮਰਪਣ ਦਾ ਇਤਿਹਾਸ ਏ। ਪ੍ਰਧਾਨ ਮੰਤਰੀ ਨੇ ਇਸ ਮੌਕੇ ਲਈ ਸੱਦੇ ਗਏ ਵਿਸ਼ੇਸ਼ ਮਹਿਮਾਨਾਂ ਅਤੇ ਸਕੂਲੀ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ। ਸਮਾਗਮ ਦੀ ਸਮਾਪਤੀ ਰਾਸ਼ਟਰ ਗਾਨ ਅਤੇ ਤਿਰੰਗੇ ਗੁਬਾਰੇ ਅਸਮਾਨ ‘ਚ ਛੱਡੇ ਜਾਣ ਨਾਲ ਹੋਈ.

----------------------------------------------------

ਪੰਜਾਬ ਵਿੱਚ, 79ਵਾਂ ਆਜ਼ਾਦੀ ਦਿਵਸ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਰਾਜ ਪੱਧਰੀ ਸਮਾਗਮ ਫਰੀਦਕੋਟ ਵਿਖੇ

ਹੋਇਆ, ਜਿੱਥੇ ਮੁੱਖ ਮੰਤਰੀ ਭਗਵੰਤ ਮਾਨ ਨੇ ਰਾਸ਼ਟਰੀ ਝੰਡਾ ਲਹਿਰਾਇਆ, ਜਦੋਂ ਕਿ ਰਾਜ ਦੇ ਕੈਬਨਿਟ ਮੰਤਰੀਆਂ ਨੇ ਵੱਖ-ਵੱਖ ਜ਼ਿਲ੍ਹਾ ਸਦਰਮੁਕਾਮਾਂ ਵਿਖੇ ਝੰਡਾ ਲਹਿਰਾਇਆ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਵਿਖੇ ਤਿਰੰਗਾ ਲਹਿਰਾਇਆ। ਸਰਹੱਦੀ ਸੁਰੱਖਿਆ ਬਲ (BSF), ਜੋ ਕਿ ਰੱਖਿਆ ਦੀ ਪਹਿਲੀ ਕਤਾਰ ਏ, ਨੇ ਪੰਜਾਬ ਵਿੱਚ ਆਪਣੀਆਂ ਸਾਰੀਆਂ ਇਕਾਈਆਂ ਵਿੱਚ ਆਜ਼ਾਦੀ ਦਿਵਸ ਮਨਾਇਆ. BSF ਦੇ ਡਾਇਰੈਕਟਰ ਜਨਰਲ, ਦਲਜੀਤ ਸਿੰਘ ਚੌਧਰੀ ਨੇ ਅੰਮ੍ਰਿਤਸਰ ਦੇ ਖਾਸਾ'ਚ BASE ਵਿਖੇ ਰਾਸ਼ਟਰੀ ਝੰਡਾ ਲਹਿਰਾਇਆ। ਜਦੋਂ ਕਿ, ਅਟਾਰੀ ਸਰਹੱਦ 'ਤੇ ਵੀ ਝੰਡਾ ਲਹਿਰਾਉਣ ਦੀ ਰਸਮ ਹੋਈ ਜਿੱਥੇ DIG, BSF, SS ਚੰਦੇਲ ਨੇ ਤਿਰੰਗਾ ਲਹਿਰਾਇਆ।

---

ਇਸ ਤੋਂ ਇਲਾਵਾ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਤਰਨ ਤਾਰਨ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ. ਰੂਪਨਗਰ ਵਿਖੇ ਜ਼ਿਲ੍ਹਾ

ਪੱਧਰੀ ਸੁਤੰਤਰਤਾ ਦਿਵਸ ਸਮਾਰੋਹ ਨਹਿਰੂ ਸਟੇਡੀਅਮ ਵਿਖੇ
ਕਰਵਾਇਆ ਗਿਆ। ਇਸ ਮੌਕੇ ਖਜ਼ਾਨਾ, ਯੋਜਨਾ, ਕਰ ਤੇ
ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁੱਖ-ਮਹਿਮਾਨ ਵਜੋਂ
ਝੰਡਾ ਲਹਿਰਾਉਣ ਦੀ ਰਸਮ ਨਿਭਾਈ ਗਈ । 79ਵੇਂ ਸੁਤੰਤਰਤਾ
ਦਿਵਸ ਮੌਕੇ ਪੰਜਾਬ ਦੇ ਖੇਤੀਬਾੜੀ ਮੰਤਰੀ ਮੰਤਰੀ ਗੁਰਮੀਤ ਸਿੰਘ
ਖੁੱਡੀਆਂ ਨੇ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ,
ਮੋਹਾਲੀ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ । ਪਠਾਨਕੋਟ ਵਿੱਚ
ਭਾਰੀ ਬਰਸਾਤ ਦੇ ਵਿੱਚ ਜ਼ਿਲ੍ਹਾ ਪੱਧਰੀ 79 ਵਾਂ ਸਵਤੰਤਰਤਾ ਦਿਵਸ
ਸਮਾਗਮ ਮਲਟੀਪਲ ਸਪੋਰਟਸ ਸਟੇਡੀਅਮ ਲਮੀਨੀ ਵਿਖੇ ਬੜੇ ਹੀ
ਧੂਮਧਾਮ ਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਸਮਾਗਮ ਵਿੱਚ
ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਕੈਬਿਨੇਟ ਮੰਤਰੀ ਡਾਕਟਰ
ਰਵਜੋਤ ਸਿੰਘ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।
ਲੁਧਿਆਣੇ ਵਿਖੇ ਸੂਬਾ ਪੱਧਰੀ ਸਮਾਗਮ ਕਰਵਾਇਆ ਗਿਆ। ਇਸ
ਮੌਕੇ ਪੰਜਾਬ ਸਰਕਾਰ ਵਿਚ ਕੈਬਨਿਟ ਮੰਤਰੀ ਅਤੇ ਆਮ ਆਦਮੀ
ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਵਿਸ਼ੇਸ਼ ਤੌਰ 'ਤੇ

ਸ਼ਿਰਕਤ ਕੀਤੀ ਤੇ ਕੌਮੀ ਝੰਡਾ ਲਹਿਰਾਇਆ ਗਿਆ। ਪਟਿਆਲਾ ‘ਚ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਵਿਭਾਗਾਂ ਦੇ ਮੰਤਰੀ ਹਰਭਜਨ ਸਿੰਘ ਈਟੀਓ ਨੇ ਜ਼ਿਲ੍ਹਾ ਪੱਧਰੀ ਸਮਾਗਮ ਮੌਕੇ ਰਾਜਾ ਭਲਿੰਦਰਾ ਸਿੰਘ ਸਪੋਰਟਸ ਕੰਪਲੈਕਸ ਪੋਲੋ ਗਰਾਊਂਡ, ਵਿਖੇ ਤਿਰੰਗਾ ਲਹਿਰਾਇਆ. ਇਸ ਦੇ ਨਾਲ - ਨਾਲ ਹੋਰ ਜ਼ਿਲਿਆਂ 'ਚ ਵੀ ਪੂਰੇ ਉਤਸ਼ਾਹ ਨਾਲ ਆਜ਼ਾਦੀ ਦਿਵਸ ਮਨਾਉਣ ਦੀਆਂ ਖਬਰਾਂ ਨੇ.

---------------------------------------------------

ਦੋ ਵੱਖ-ਵੱਖ ਘਟਨਾਵਾਂ ਵਿੱਚ, ਚੌਕਸ BSF ਜਵਾਨਾਂ ਨੇ ਫਿਰੋਜ਼ਪੁਰ ਵਿੱਚ ਇੱਕ ਸ਼ੱਕੀ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ, ਜਦੋਂ ਕਿ ਅੰਮ੍ਰਿਤਸਰ ਵਿੱਚ ਹੈਰੋਇਨ ਅਤੇ ਪਿਸਤੌਲਾਂ ਨਾਲ ਭਰਿਆ ਇੱਕ ਡਰੋਨ ਬਰਾਮਦ ਕੀਤਾ ਗਿਆ ਏ । ਬੀਤੇ ਦਿਨ, ਖਾਸ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ, BSF ਜਵਾਨਾਂ ਨੇ ਇੱਕ ਘਾਤ ਲਾ ਕੇ ਫਿਰੋਜ਼ਪੁਰ ਸਰਹੱਦ 'ਤੇ ਸਤਲੁਜ ਦਰਿਆ ਤੋਂ 1 ਸ਼ੱਕੀ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਏ । ਫੜਿਆ ਗਿਆ ਸ਼ੱਕੀ ਵਿਅਕਤੀ, ਪਿੰਡ ਹਜ਼ਾਰਾ ਦਾ ਰਹਿਣ ਵਾਲਾ ਏ ਅਤੇ ਉਸਦੇ ਸਬੰਧਾਂ

ਦੇ ਖੁਲਾਸੇ ਲਈ ਜਾਂਚ ਜਾਰੀ ਏ I BSF ਇੰਟੈਲੀਜੈਂਸ ਵਿੰਗ ਦੀ ਖਾਸ ਜਾਣਕਾਰੀ ਦੇ ਆਧਾਰ 'ਤੇ, ਸੁਚੇਤ BSF ਜਵਾਨਾਂ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਨਿਸੋਕੇ ਨੇੜੇ ਇੱਕ ਖੇਤ ਵਿੱਚੋਂ ਅਸੈਂਬਲ ਕੀਤਾ ਇੱਕ ਕਵਾਡ-ਕਾਪਟਰ, ਜਿਸ ਵਿੱਚ 2 ਪਿਸਤੌਲ, 4 ਮੈਗਜ਼ੀਨ, 100 ਜ਼ਿੰਦਾ ਕਾਰਤੂਸ ਅਤੇ 04 ਪੈਕੇਟ ਹੈਰੋਇਨ ਜਿਹਨਾਂ ਦਾ ਭਾਰ- 4.135 ਕਿਲੋਗ੍ਰਾਮ ਏ, ਬਰਾਮਦ ਕੀਤੇ।

---------------------------------------------------